## Vigilance Bureau Punjab

### Vigilance nabs private person for demanding protection money as bribe

Chandigarh December 21: State Vigilance Bureau today arrested a private person for demanding and accepting protection money from a shopkeeper to run his food joint without any interruption.

Disclosing this here today a spokesperson of VB said acase FIR no. 10 dated 21.12.2018 under section 7 (A) of Prevention of Corruption Act was registered against a private person Jaspreet Singh of village Padol, SAS Nagar for demanding Rs 6000 as protection money from complainant Subhash Singh of village Nayagaon, SAS Nagar.

He added that the complainant has approached the VB and alleged that Jaspreet Singh was demanding money from him for allowing to run his business of fast food/sweet shop uninterrupted by ensuring that no official of health department/civil surgeon office would take his food samples for testing. However later the deal was struck at Rs 3000.

After verifying his complaint the VB team laid a trap and accused Jaspreet Singh was caught red handed accepting Rs 3000 as bribe in the presence of two official witnesses. Further investigation was in progress regarding the connivance or role of any official of health Dept. Punjab and Civil Surgeon office, SAS Nagar.

--------

ਵਿਜੀਲੈਂਸ ਬਿਊਰੋ ਪੰਜਾਬ

ਰਿਸ਼ਵਤ ਦੇ ਰੂਪ ਵਿਚ ਦੁਕਾਨਦਾਰ ਤੋਂ ਜਾਮਨੀ ਮੰਗਣ ਵਾਲਾ ਵਿਅਕਤੀ ਵਿਜੀਲੈਂਸ ਨੇ ਕੀਤਾ ਕਾਬੂ

ਚੰਡੀਗੜ੍ਹ, 21 ਦਸੰਬਰ: ਵਿਜੀਲੈਂਸ ਬਿਊਰੋ ਨੇ ਇਕ ਪ੍ਰਾਈਵੇਟ ਵਿਅਕਤੀ ਨੂੰ ਇਕ ਦੁਕਾਨਦਾਰ ਨੂੰ ਸੁਰਖਿਆ ਦੇ ਰੂਪ ਵਿਚ ਆਪਣਾ ਕਾਰੋਬਾਰ ਬਿਨਾ ਕਿਸੇ ਰੁਕਾਵਟ ਤੋਂ ਚਲਾਉਣ ਬਦਲੇ 3,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਇਕ ਪ੍ਰਾਈਵੇਟ ਵਿਅਕਤੀ ਜਸਪ੍ਰੀਤ ਸਿੰਘ ਵਾਸੀ ਪਿੰਡ ਪੜੌਲ ਜਿਲਾ ਐਸ.ਏ.ਐਸ ਨਗਰ ਨੂੰ ਸ਼ਿਕਾਇਤਕਰਤਾ ਸੁਭਾਸ਼ ਸਿੰਘ ਵਾਸੀ ਪਿੰਡ ਨਵਾਂ ਗਾਓ, ਜਿਲਾ ਐਸ.ਏ.ਐਸ ਨਗਰ ਦੀ ਸ਼ਿਕਾਇਤ 'ਤੇ 3,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਗ੍ਰਿਫਤਾਰ ਕੀਤਾ ਹੈ।

ਸ਼ਿਕਾਇਤ ਕਰਤਾ ਨੇ ਆਪਣੀ ਸ਼ਿਕਾਇਤ ਵਿਚ ਦੋਸ਼ ਲਾਇਆ ਕਿ ਉਕਤ ਪ੍ਰਈਵੇਟ ਵਿਅਕਤੀ ਵਲੋਂ ਉਸ ਦੀ ਮਿਠਾਈ ਦੀ ਦੁਕਾਨ ਨੂੰ ਸਿਹਤ ਵਿਭਾਗ ਤੇ ਸਿਵਲ ਸਰਜਨ ਦਫਤਰ ਦੇ ਕਰਮਚਾਰੀਆਂ ਤੋਂ ਦੁਕਾਨ ਵਿਚ ਖਾਣ-ਪੀਣ ਦੀਆਂ ਵਸਤਾਂ ਦੇ ਨਮੂਨੇ ਲਿਜਾਉਣ ਤੋਂ ਰੋਕਣ ਅਤੇ ਆਪਣੇ ਕਾਰੋਬਾਰ ਨੂੰ ਬਿਨਾ ਕਿਸੇ ਸਰਕਾਰੀ ਰੋਕ ਰੁਕਾਵਟ ਤੋਂ ਚਲਾਉਣ ਦੀ ਜਾਮਨੀ ਦੇਣ 6000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 3,000 ਰੁਪਏ ਵਿਚ ਤੈਅ ਹੋਇਆ ਹੈ।

ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪ੍ਰਾਈਵੇਟ ਵਿਅਕਤੀ ਜਸਪ੍ਰੀਤ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 3,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਐਸ.ਏ.ਐਸ ਨਗਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ ਅਤੇ ਇਸ ਮਾਮਲੇ ਵਿਚ ਸਿਹਤ ਵਿਭਾਗ ਜਾਂ ਸਿਵਲ ਸਰਜਨ ਦਫਤਰ ਮੋਹਾਲੀ ਦੇ ਕਿਸੇ ਕਰਮਚਾਰੀ ਦੀ ਭੂਮਿਕਾ ਹੋਣ ਸਬੰਧੀ ਜਾਂਚ ਜਾਰੀ ਹੈ।

-------